ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਾਜ਼ਿਲਕਾ

ਲੋਕ ਅਦਾਲਤਾਂ ਵਿੱਚ ਕਾਨੂੰਨੀ ਹੱਕਾਂ ਦਾ ਲੋਕ ਵੱਧ ਤੋਂ ਵੱਧ ਉਠਾਉਣ ਲਾਭ -ਸੀ.ਜੇ.ਐਮ.

ਚਿਮਨੇਵਾਲਾ ਦੇ ਸਰਕਾਰੀ ਸਕੂਲ ਵਿਖੇ ਕਾਨੂੰਨੀ ਸਾਖਰਤਾ ਸੈਮੀਨਾਰ ਦਾ ਆਯੋਜਨ

ਨੈਸ਼ਨਲ ਲੋਕ ਅਦਾਲਤ 9 ਦਸੰਬਰ 2017 ਨੂੰ

ਫਾਜ਼ਿਲਕਾ 26 ਅਕਤੂਬਰ

ਪੰਜਾਬ ਕਾਨੂੰਨੀ ਸੇਵਾਵਾਂ ਅਥਾਰਟੀ ਚੰਡੀਗੜ੍ਹ, ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ ਫਿਰੋਜ਼ਪੁਰ ਸ਼੍ਰੀ ਐਸ.ਕੇ. ਅਗਰਵਾਲ, ਵਧੀਕ ਜ਼ਿਲ੍ਹਾ ਅਤੇ ਸੈਸ਼ਨਜ ਜੱਜ-ਕਮ-ਚੇਅਰਪਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਫਾਜ਼ਿਲਕਾ ਸ਼੍ਰੀ ਲੱਛਮਣ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਹੇਠ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਚਿਮਨੇਵਾਲਾ ਵਿਖੇ ਕਾਨੂੰਨੀ ਸਾਖਰਤਾ ਸੈਮੀਨਾਰ ਦਾ ਆਯੋਜਨ ਕੀਤਾ ਗਿਆ।

ਇਸ ਮੌਕੇ ਸੀ.ਜੇ.ਐਮ-ਕਮ-ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਫਾਜ਼ਿਲਕਾ ਸ਼੍ਰੀ ਕੇ. ਕੇ. ਬਾਂਸਲ ਨੇ ਦੱਸਿਆ ਕਿ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਫਾਜ਼ਿਲਕਾ ਲੋਕਾਂ ਵਿੱਚ ਕਾਨੂੰਨੀ ਜਾਗਰੂਕਤਾ ਵਧਾਉਣ ਦਾ ਹਰ ਸੰਭਵ ਉਪਰਾਲਾ ਕਰ ਰਹੀ ਹੈ ਤਾਂ ਜੋ ਲੋਕ ਆਪਣੇ ਕਾਨੂੰਨੀ ਹੱਕਾ ਤੋਂ ਵਾਂਝੇ ਨਾ ਰਹਿ ਜਾਣ। ਉਨ੍ਹਾਂ ਬੱਚਿਆਂ ਨੂੰ ਦੱਸਿਆ ਕਿ ਕੋਈ ਵੀ ਵਿਅਕਤੀ ਜੋ ਅਨੁਸੂਚਿਤ ਜਾਤੀ ਨਾਲ ਸਬੰਧ ਰੱਖਦਾ ਹੋਵੇ, ਔਰਤ, ਹਿਰਾਸਤ ਵਿੱਚ ਵਿਅਕਤੀ, ਬੇਗਾਰ ਦਾ ਮਾਰਿਆ ਹੋਇਆ ਵਿਅਕਤੀ ਅਤੇ ਜਿਸ ਵਿਅਕਤੀ ਦੀ ਸਲਾਨਾ ਆਮਦਨ 1,50,000/- ਰੁਪਏ ਤੋਂ ਘੱਟ ਹੋਵੇ ਉਸ ਨੂੰ ਮੁਫ਼ਤ ਕਾਨੂੰਨੀ ਸੇਵਾ ਪ੍ਰਦਾਨ ਕੀਤੀ ਜਾਂਦੀ ਹੈ। ਉਨ੍ਹਾਂ ਹੋਰ ਦੱਸਿਆ ਕਿ ਮੁਫ਼ਤ ਕਾਨੂੰਨੀ ਸੇਵਾ ਵਿੱਚ ਵਕੀਲਾਂ ਦੀਆਂ ਸੇਵਾਵਾਂ, ਕੋਰਟ ਫੀਸ, ਗਵਾਹਾਂ ਦੇ ਖਰਚੇ ਆਦਿ ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਅਦਾ ਕੀਤੇ ਜਾਂਦੇ ਹਨ।

ਸੀ.ਜੇ.ਐਮ ਬਾਂਸਲ ਨੇ ਦੱਸਿਆ ਕਿ ਨੈਸ਼ਨਲ ਲੋਕ ਅਦਾਲਤ ਮਿਤੀ 9 ਦਸੰਬਰ 2017 ਨੂੰ ਜ਼ਿਲ੍ਹਾ ਫਾਜ਼ਿਲਕਾ ਵਿੱਚ ਲਗਾਈ ਜਾ ਰਹੀ ਹੈ ਅਤੇ ਇਸ ਦਾ ਵੱਧ ਤੋਂ ਵੱਧ ਫਾਇਦਾ ਉਠਾਉ। ਉਨ੍ਹਾਂ ਇਹ ਵੀ ਦੱਸਿਆ ਕਿ ਪੰਜਾਬ ਸਰਕਾਰ ਦੁਆਰਾ ਅਪਰਾਧ ਪੀੜਤ ਮੁਆਵਜ਼ਾ ਸਕੀਮ 2011 ਦੇ ਤਹਿਤ ਵਿਕਟਿਮ ਮੁਆਵਜਾ ਕਮੇਟੀ ਫਾਜ਼ਿਲਕਾ ਦੇ ਤਹਿਤ ਜਰੂਰਤਮੰਦ ਲੋਕਾਂ ਨੂੰ ਮੁਆਵਜ਼ਾ ਦੁਆਇਆ ਜਾਂਦਾ ਹੈ ਅਤੇ ਨਾਲਸਾ ਦੁਆਰਾ ਚਲਾਈਆਂ ਸਕੀਮਾਂ ਜਿਸ ਤਰ੍ਹਾਂ ਕਿ ਤੇਜ਼ਾਬ ਪੀੜਤ ਮੁਆਵਜ਼ਾ ਸਕੀਮ, ਸੀਨੀਅਰ ਸੀਟੀਜ਼ਨ ਸਕੀਮ, ਮੰਦ ਬੁੱਧੀ ਅਤੇ ਦਿਮਾਗੀ ਕਮਜ਼ੋਰ ਬੱਚਿਆਂ ਨੂੰ ਕਾਨੂੰਨੀ ਸੇਵਾਵਾਂ ਸਕੀਮ, ਡਰੱਗ ਦੀ ਦੁਵੱਰਤੋਂ ਅਤੇ ਨਸ਼ਾਖੋਰੀ ਦਾ ਖਾਤਮਾ ਕਰਨ ਲਈ ਕਾਨੂੰਨੀ ਸੇਵਾਵਾਂ ਅਤੇ ਬੱਚਿਆਂ ਦੇ ਕਾਨੂੰਨੀ ਹੱਕਾ ਆਦਿ

ਬਾਰੇ ਵੀ ਦੱਸਿਆ। ਇਹ ਵੀ ਦੱਸਿਆ ਕਿ ਬੱਚੇ ਦੇਸ਼ ਦਾ ਭਵਿੱਖ ਵੀ ਹਨ ਅਤੇ ਇਹਨਾਂ ਤੱਕ ਜਾਣਕਾਰੀ ਪਹੁੰਚਾਉਣ ਨਾਲ ਹਰ ਵਰਗ ਤੱਕ ਪਹੁੰਚ ਜਾਂਦੀ ਹੈ।

ਇਸ ਮੌਕੇ ਵਕੀਲ ਸ਼੍ਰੀ ਸੋਮ ਪ੍ਰਕਾਸ਼ ਸੇਠੀ ਜੀ, ਪੈਰਾ ਲੀਗਲ ਵਲੰਟੀਅਰਜ਼ ਪ੍ਰੀਤਮ ਸਿੰਘ, ਇੰਦਰਜੀਤ ਸਿੰਘ ਅਤੇ ਪ੍ਰਕਾਸ਼ ਰਾਣੀ ਜੀ ਨੇ ਵੀ ਬੱਚਿਆਂ ਨੂੰ ਸੰਬੋਧਨ ਕੀਤਾ। ਇਸ ਸੈਮੀਨਾਰ ਦੌਰਾਨ ਸਮਝਾਏ ਗਏ ਵਿਸ਼ਿਆ 'ਤੇ ਬਚਿਆਂ ਹੇਠ ਲੇਖ ਮੁਕਾਬਲਾ ਵੀ ਕਰਾਇਆ ਗਿਆ।